ਧਨਾਸਰੀ ਮਹਲਾ ੫ ॥ ਦਰਬਵੰਤੁ ਦਰਬੁ ਦੇਖਿ ਗਰਬੈ ਭੂਮਵੰਤੁ ਅਭਿਮਾਨੀ ॥ ਰਾਜਾ ਜਾਨੈ ਸਗਲ ਰਾਜੁ ਹਮਰਾ ਤਿਉ ਹਰਿ ਜਨ ਟੇਕ ਸੁਆਮੀ ॥੧॥ ਜੇ ਕੋਊ ਅਪੁਨੀ ਓਟ ਸਮਾਰੈ ॥ ਜੈਸਾ ਬਿਤੁ ਤੈਸਾ ਹੋਇ ਵਰਤੈ ਅਪੁਨਾ ਬਲੁ ਨਹੀ ਹਾਰੈ ॥ ੧॥ ਰਹਾਉ ॥ ਆਨ ਤਿਆਗਿ ਭਏ ਇਕ ਆਸਰ ਸਰਣਿ ਸਰਣਿ ਕਰਿ ਆਏ ॥ ਸੰਤ ਅਨੁਗ੍ਰਹ ਭਏ ਮਨ ਨਿਰਮਲ ਨਾਨਕ ਹਰਿ ਗੁਨ ਗਾਏ ॥ ੨॥੩॥੩੪॥
{ਪੰਨਾ 679}

ਪਦਅਰਥ:- ਦਰਬੁ—{dàÒX} ਧਨ। ਦਰਬਵੰਤੁ—ਧਨ ਵਾਲਾ ਮਨੁੱਖ, ਧਨੀ। ਦੇਖਿ—ਵੇਖ ਕੇ। ਗਰਬੈ—ਅਹੰਕਾਰ ਕਰਦਾ ਹੈ। ਭੂਮਵੰਤੁ—ਜ਼ਿਮੀਂ ਦਾ ਮਾਲਕ। ਅਭਿਮਾਨੀ—ਅਹੰਕਾਰੀ। ਰਾਜੁ—ਹਕੂਮਤ। ਜਾਨੈ—ਸਮਝਦਾ ਹੈ। ਟੇਕ—ਆਸਰਾ।1।

ਕੋਊ—ਕੋਈ ਮਨੁੱਖ। ਓਟ—ਆਸਰਾ। ਸਮਾਰੈ—ਸੰਭਾਲੇ, ਹਿਰਦੇ ਵਿਚ ਵਸਾਈ ਰੱਖੇ। ਬਿਤੁ—ਵਿਤ, ਪਾਂਇਆਂ। ਵਰਤੈ—ਜਗਤ ਨਾਲ ਕਾਰ-ਵਿਹਾਰ ਰੱਖਦਾ ਹੈ। ਬਲੁ—ਤਾਕਤ, ਹੌਸਲਾ।1। ਰਹਾਉ।

ਆਨ—ਹੋਰ ਸਾਰੇ (ਆਸਰੇ)। ਤਿਆਗਿ—ਛੱਡ ਕੇ। ਇਕ ਆਸਰ—ਇੱਕ ਆਸਰੇ ਵਾਲੇ। ਕਰਿ—ਕਰ ਕੇ, ਆਖ ਕੇ। ਅਨੁਗ੍ਰਹ—ਕਿਰਪਾ ਨਾਲ। ਗਾਏ—ਗਾਇ, ਗਾ ਕੇ।2।

ਅਰਥ:- ਜੇ ਕੋਈ ਮਨੁੱਖ ਆਪਣੀ ਅਸਲੀ ਓਟ (ਪਰਮਾਤਮਾ) ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖੇ, ਤਾਂ ਉਹ (ਅਹੰਕਾਰ ਆਦਿਕ ਦੇ ਮੁਕਾਬਲੇ ਤੇ) ਆਪਣਾ ਹੌਸਲਾ ਨਹੀਂ ਹਾਰਦਾ, (ਕਿਉਂਕਿ) ਉਹ ਮਨੁੱਖ ਆਪਣੇ ਵਿਤ ਅਨੁਸਾਰ ਵਰਤਦਾ ਹੈ (ਵਿਤੋਂ ਬਾਹਰਾ ਨਹੀਂ ਹੁੰਦਾ, ਅਹੰਕਾਰ ਵਿਚ ਨਹੀਂ ਆਉਂਦਾ, ਮਨੁੱਖਤਾ ਤੋਂ ਨਹੀਂ ਡਿੱਗਦਾ)।1। ਰਹਾਉ।

(ਹੇ ਭਾਈ! ਧਨੀ ਮਨੁੱਖ ਨੂੰ ਧਨ ਦਾ ਆਸਰਾ ਹੁੰਦਾ ਹੈ, ਪਰ) ਧਨੀ ਮਨੁੱਖ ਧਨ ਨੂੰ ਵੇਖ ਕੇ ਅਹੰਕਾਰ ਕਰਨਾ ਲੱਗ ਪੈਂਦਾ ਹੈ। (ਜ਼ਿਮੀਂ ਦੇ ਮਾਲਕ ਨੂੰ ਜ਼ਿਮੀਂ ਦਾ ਸਹਾਰਾ ਹੁੰਦਾ ਹੈ, ਪਰ) ਜ਼ਿਮੀਂ ਦਾ ਮਾਲਕ (ਆਪਣੀ ਜ਼ਿਮੀਂ ਵੇਖ ਕੇ) ਅਹੰਕਾਰੀ ਹੋ ਜਾਂਦਾ ਹੈ। ਰਾਜਾ ਸਮਝਦਾ ਹੈ ਸਾਰਾ ਦੇਸ ਮੇਰਾ ਹੀ ਰਾਜ ਹੈ (ਰਾਜੇ ਨੂੰ ਰਾਜ ਦਾ ਸਹਾਰਾ ਹੈ, ਪਰ ਰਾਜ ਦਾ ਅਹੰਕਾਰ ਭੀ ਹੈ)। ਇਸੇ ਤਰ੍ਹਾਂ ਪਰਮਾਤਮਾ ਦੇ ਸੇਵਕ ਨੂੰ ਮਾਲਕ-ਪ੍ਰਭੂ ਦਾ ਆਸਰਾ ਹੈ (ਪਰ ਉਸ ਨੂੰ ਕੋਈ ਅਹੰਕਾਰ ਨਹੀਂ)।1।

ਹੇ ਨਾਨਕ! ਜੇਹੜੇ ਮਨੁੱਖ ਹੋਰ ਸਾਰੇ (ਧਨ ਭੁਇੰ ਰਾਜ ਆਦਿਕ ਦੇ) ਆਸਰੇ ਛੱਡ ਕੇ ਇਕ ਪ੍ਰਭੂ ਦਾ ਆਸਰਾ ਰੱਖਣ ਵਾਲੇ ਬਣ ਜਾਂਦੇ ਹਨ, ਜੇਹੜੇ ਇਹ ਆਖ ਕੇ ਪ੍ਰਭੂ ਦੇ ਦਰ ਤੇ ਆ ਜਾਂਦੇ ਹਨ ਕਿ, ਹੇ ਪ੍ਰਭੂ! ਅਸੀਂ ਤੇਰੀ ਸਰਨ ਆਏ ਹਾਂ, ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਗੁਣ ਗਾ ਗਾ ਕੇ ਉਹਨਾਂ ਦੇ ਮਨ ਪਵਿਤ੍ਰ ਹੋ ਜਾਂਦੇ ਹਨ।2।3। 34।